ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।
(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)

ਪਬਲਿਕ ਨੋਟਿਸ

ਨੰ: 381540 /3 ਮਿਤੀ 30-08-2023

1.0 ਸਿੱਖਿਆ ਵਿਭਾਗ ,ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਮਿਤੀ 30-07-2021 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ ਸਿਲੈਕਟ ਹੋਏ 765 ਯੋਗ ਉਮੀਦਵਾਰਾਂ ਦੀ ਕੈਟਾਗਰੀ ਵਾਈਜ ਚੋਣ ਸੂਚੀ ਮਿਤੀ 05-05-2023. ਨੂੰ ਪੋਰਟਲ ਤੇ ਅਪਲੋਡ ਕੀਤੀ ਗਈ ਸੀ। ਇਸ ਲਿਸਟ ਵਿੱਚ 99 ਉਮੀਦਵਾਰ ਅਜਿਹੇ ਸਨ, ਜਿਨ੍ਹਾਂ ਵੱਲੋਂ ਦੋਹਰੀ ਕੈਟਾਗਰੀ ਵਿੱਚ ਅਪਲਾਈ ਕਾਰਨ ਉਹਨਾਂ ਦੀ ਸਿਲੈਕਸਨ 765 ਯੋਗ ਉਮੀਦਵਾਰਾਂ ਦੀ ਸੂਚੀ ਵਿੱਚ ਦੁਬਾਰਾ ਤੋਂ ਹੋ ਗਈ ਸੀ। ਇਹਨਾਂ 99 ਯੋਗ ਉਮੀਦਵਾਰਾਂ ਤੋਂ ਕਿਸੇ ਇੱਕ ਕੈਟਾਗਰੀ ਨੂੰ ਸਿਲੈਕਸਟ ਕਰਨ ਲਈ ਵਿਭਾਗ ਵੱਲੋਂ ਆਪਸਨ ਲਈ ਗਈ ਸੀ, 5 ਯੋਗ ਉਮੀਦਵਾਰਾਂ ਵੱਲੋਂ EWS ਕੈਟਾਗਰੀ ਨੂੰ ਛੱਡ ਕੇ ਨਵੀਂ ਕੈਟਾਗਰੀ ਵਿੱਚ ਨਿਯੁਕਤੀ ਪੱਤਰ ਪ੍ਰਾਪਤ ਕੀਤੇ, ਬਾਕੀ ਦੇ 94 ਉਮੀਦਵਾਰਾਂ ਵੱਲੋਂ ਪਹਿਲੀ ਕੈਟਾਗਰੀ ਵਿੱਚ ਹੀ ਸੇਵਾਂ ਨਿਭਾਉਣ ਲਈ ਵਿਭਾਗ ਨੂੰ ਆਪਸ਼ਨ ਦਿੱਤੀ ਗਈ। ਦੋਹਰੀ ਪਾਤਰਤਾ ਕਾਰਨ 765 ਅਸਾਮੀਆਂ ਵਿੱਚੋਂ 94 ਅਸਾਮੀਆਂ ਖਾਲੀ ਹੋ ਗਈਆਂ ਸਨ।

2.0 ਉਕਤ 94 ਅਸਾਮੀਆਂ ਨੂੰ ਭਰਨ ਲਈ ਮਿਤੀ 30-08-2023 ਤੋਂ ਆਨਲਾਈਨ ਪ੍ਰੋਸੈਸ ਰਾਹੀਂ ਵਿਭਾਗ ਦੇ ਪੋਰਟਲ ਤੇ ਸਟੇਸ਼ਨ ਚੋਣ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਇਹ ਪੋਰਟਲ ਮਿਤੀ 31-08-2023 ਤੋਂ 01-09-2023 ਤੱਕ ਖੁੱਲ੍ਹਾ ਰਹੇਗਾ। ਵਿਭਾਗ ਦੀ ਵੈਬਸਾਈਟ ਤੇ ਮੈਰਿਟ ਅਤੇ ਕੈਟਾਗਰੀ ਵਾਈਜ 94 ਉਮੀਦਵਾਰਾਂ ਦੀ ਸੂਚੀ ਅਪਲੋਡ ਕੀਤੀ ਜਾ ਚੁੱਕੀ। ਜਿਨ੍ਹਾਂ ਵਿੱਚੋਂ ਇੱਕ ਕੋਰਟ ਕੇਸ ਅਤੇ ਇੱਕ ਵਿਦਹੈਲਡ ਉਮੀਦਵਾਰਾਂ ਲਈ ਸੀਟ ਰਾਖਵੀ ਹੈ। ਇਸ ਸੂਚੀ ਵਿਚਲੇ 94 ਯੋਗ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਡਿਊਲ ਅਨੁਸਾਰ ਆਪਣੀ ਪਸੰਦ ਦਾ ਸਟੇਸ਼ਨ ਚੋਣ ਕਰਨਾ ਯਕੀਨੀ ਬਣਾਇਆ ਜਾਵੇ। ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆ ਸਮੁੱਚੇ ਰੂਪ ਵਿੱਚ ਆਨ-ਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀ ਕਰਨਗੇ, ਉਹਨਾਂ ਨੂੰ ਖਾਲੀ ਰਹਿੰਦੇ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸਨੂੰ ਮੁੜ ਬਦਲਿਆ ਨਹੀਂ ਜਾਵੇਗਾ।

3.0 ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਉਮੀਦਵਾਰ ਵੱਲੋਂ ਸਟੇਸ਼ਨ ਚੋਣ ਲਈ ਆਪਣੀ ਪਸੰਦ ਦੇ ਚੁਣੇ ਗਏ ਸਟੇਸ਼ਨਾਂ ਦੀ ਅਲਾਟਮੈਂਟ, ਉਸ ਤੋਂ ਹਾਇਰ ਮੈਰਿਟ ਵਾਲੇ ਉਮੀਦਵਾਰ ਨੂੰ ਹੋ ਜਾਂਦੀ ਹੈ (ਭਾਵ ਉਸ ਵੱਲੋਂ ਚੁਣੇ ਗਏ ਸਾਰੇ ਸਟੇਸ਼ਨ ਹੋਰ ਉਮੀਦਵਾਰਾਂ ਨੂੰ ਅਲਾਟ ਹੋ ਚੁੱਕੇ ਹੋਣਗੇ) ਤਾਂ ਅਜਿਹੀ ਸੂਰਤ ਵਿੱਚ ਉਸਨੂੰ ਵੀ ਖਾਲੀ ਰਹਿੰਦੇ ਸਟੇਸ਼ਨਾ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ ਵਿਭਾਗ ਦੀ MIS ਸ਼ਾਖਾ ਵੱਲੋਂ ਅਲਾਟ ਹੋ ਜਾਵੇਗਾ।

ਸਹਾਇਕ ਡਾਇਰੈਕਟਰ (ਅਮਲਾ-2)